**ਗਉੜੀ ਕਬੀਰ ਜੀ ॥ ਜਿਹ ਕੁਲਿ ਪੂਤੁ ਨ ਗਿਆਨ ਬੀਚਾਰੀ ॥ ਬਿਧਵਾ ਕਸ ਨ ਭਈ ਮਹਤਾਰੀ ॥੧॥ ਜਿਹ ਨਰ ਰਾਮ ਭਗਤਿ ਨਹਿ ਸਾਧੀ ॥ ਜਨਮਤ ਕਸ ਨ ਮੁਓ ਅਪਰਾਧੀ ॥੧॥ ਰਹਾਉ ॥ ਮੁਚੁ ਮੁਚੁ ਗਰਭ ਗਏ ਕੀਨ ਬਚਿਆ ॥ ਬੁਡਭੁਜ ਰੂਪ ਜੀਵੇ ਜਗ ਮਝਿਆ ॥੨॥ ਕਹੁ ਕਬੀਰ ਜੈਸੇ ਸੁੰਦਰ ਸਰੂਪ ॥ ਨਾਮ ਬਿਨਾ ਜੈਸੇ ਕੁਬਜ ਕੁਰੂਪ ॥੩॥੨੫॥**

ਪਦਅਰਥ:- ਜਿਹ ਕੁਲਿ—ਜਿਸ ਕੁਲ ਵਿਚ। ਬਿਧਵਾ—ਰੰਡੀ। ਕਸ—ਕਿਉਂ? ਮਹਤਾਰੀ—ਮਾਂ।1।

ਰਾਮ ਭਗਤਿ—ਪ੍ਰਭੂ ਦੀ ਬੰਦਗੀ। ਸਾਧੀ—ਕੀਤੀ। ਜਨਮਤ—ਜੰਮਦਾ ਹੀ। ਅਪਰਾਧੀ—ਪਾਪੀ।1। ਰਹਾਉ।

ਮੁਚੁ ਮੁਚੁ—ਬਹੁਤ ਸਾਰੇ। ਕੀਨ—ਕਿਉਂ? ਬੁਡਭੁਜ ਰੂਪ—ਡੁਡੇ ਵਾਂਗ। ਮਝਿਆ—ਵਿਚ।2।

ਕੁਬਜ—ਕੁੱਬਾ। ਕੁਰੂਪ—ਕੋਝੇ ਰੂਪ ਵਾਲੇ, ਬਦ-ਸ਼ਕਲ।3।

ਅਰਥ:- ਜਿਸ ਕੁਲ ਵਿਚ ਗਿਆਨ ਦੀ ਵਿਚਾਰ ਕਰਨ ਵਾਲਾ (ਕੋਈ) ਪੁੱਤਰ ਨਹੀਂ (ਜੰਮਿਆ) ਉਸ ਦੀ ਮਾਂ ਰੰਡੀ ਕਿਉਂ ਨ ਹੋ ਗਈ?।1।

(ਸੰਸਾਰ ਵਿਚ) ਕਈ ਗਰਭ ਛਣ ਗਏ ਹਨ, ਇਹ (ਬੰਦਗੀ-ਹੀਣ ਚੰਦਰਾ) ਕਿਉਂ ਬਚ ਰਿਹਾ? (ਬੰਦਗੀ ਤੋਂ ਸੱਖਣਾ ਇਹ) ਜਗਤ ਵਿਚ ਇਕ ਕੋੜ੍ਹੀ ਜੀਊ ਰਿਹਾ ਹੈ।2।

ਹੇ ਕਬੀਰ! (ਬੇਸ਼ੱਕ) ਆਖ—ਜੋ ਮਨੁੱਖ ਨਾਮ ਤੋਂ ਸੱਖਣੇ ਹਨ, ਉਹ (ਭਾਵੇਂ ਵੇਖਣ ਨੂੰ) ਸੋਹਣੇ ਰੂਪ ਵਾਲੇ ਹਨ (ਪਰ ਅਸਲ ਵਿਚ) ਕੁੱਬੇ ਤੇ ਬਦ-ਸ਼ਕਲ ਹਨ।3। 25।

ਸ਼ਬਦ ਦਾ ਭਾਵ:- ਜੋ ਮਨੁੱਖ ਪਰਮਾਤਮਾ ਦੀ ਬੰਦਗੀ ਨਹੀਂ ਕਰਦਾ, ਉਹ ਬਾਹਰੋਂ ਵੇਖਣ ਨੂੰ ਭਾਵੇਂ ਸੋਹਣਾ ਹੋਵੇ, ਪਰ ਉਸ ਦਾ ਆਤਮਾ ਮਲੀਨ ਹੋਣ ਕਰਕੇ ਜਗਤ ਵਿਚ ਉਸ ਦਾ ਆਉਣਾ ਵਿਅਰਥ ਹੈ। 25।